ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ ਮੋਗਾ

# ਡਿਪਟੀ ਕਮਿਸ਼ਨਰ ਅਤੇ ਵਧੀਕ ਡਿਪਟੀ ਕਮਿਸ਼ਨਰ ਵੱਲੋਂ ਤਹਿਸੀਲ, ਫਰਦ ਅਦੇ ਸੁਵਿਧਾ ਕੇਂਦਰ ਦੀ ਕੀਤੀ ਅਚਨਚੇਤ ਚੈਕਿੰਗ

- **ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਸਮੇਂ ਸਿਰ ਆਉਣ ਦੀ ਕੀਤੀ ਹਦਾਇਤ**
- **ਆਮ ਲੋਕਾਂ ਨਾਲ ਗੱਲਬਾਤ ਕਰਕੇ ਪੁੱਛੀਆਂ ਦੁੱਖ-ਤਕਲੀਫਾਂ**
- **ਜਨ ਸੇਵਾਵਾਂ 'ਚ ਕਿਸੇ ਪ੍ਰਕਾਰ ਦੀ ਲਾਪ੍ਰਵਾਹੀ ਬਰਦਾਸਤ ਨਹੀਂ-ਡਿਪਟੀ ਕਮਿਸ਼ਨਰ**

ਮੋਗਾ 10 ਮਈ:

ਚੀਫ ਸੈਕਟਰੀ ਪੰਜਾਬ ਜੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅੱਜ ਸਵੇਰੇ ਡਿਪਟੀ ਕਮਿਸ਼ਨਰ ਮੋਗਾ ਸ. ਕੁਲਦੀਪ ਸਿੰਘ ਵੈਦ ਨੇ ਜ਼ਿਲ੍ਹੇ ਦੇ ਸਮੂਹ ਸਰਕਾਰੀ ਵਿਭਾਗਾਂ ਵਿੱਚ ਆਪਣੇ-ਆਪਣੇ ਕੰਮ ਕਰਵਾਉਣ ਲਈ ਆਉਣ ਵਾਲੇ ਆਮ ਲੋਕਾਂ ਨੂੰ ਸਮੇਂ ਸਿਰ ਸਰਕਾਰੀ ਸੇਵਾਵਾਂ ਮੁਹੱਈਆ ਕਰਵਾਉਣ ਦੇ ਮਕਸਦ ਨਾਲ ਅਚਾਨਕ ਤਹਿਸੀਲ, ਫਰਦ ਅਤੇ ਸੁਵਿਧਾ ਕੇਂਦਰ ਦੀ ਚੈਕਿੰਗ ਕੀਤੀ। ਇਸ ਚੈਕਿੰਗ ਦੌਰਾਨ ਉਨ੍ਹਾਂ ਨਾਲ ਵਧੀਕ ਡਿਪਟੀ ਕਮਿਸ਼ਨਰ ਸ. ਅਰਵਿੰਦਪਾਲ ਸਿੰਘ ਸੰਧੂ ਵੀ ਹਾਜ਼ਰ ਸਨ।

ਡਿਪਟੀ ਕਮਿਸ਼ਨਰ ਨੇ ਫਰਦ, ਤਹਿਸੀਲ ਅਤੇ ਸੁਵਿਧਾ ਕੇਂਦਰ ਵਿਖੇ ਆਏ ਲੋਕਾਂ ਨਾਲ ਗੱਲਬਾਤ ਵੀ ਕੀਤੀ, ਉਨ੍ਹਾਂ ਦੀਆਂ ਮੁਸ਼ਕਲਾਂ ਵੀ ਸੁਣੀਆਂ ਅਤੇ ਗੱਲਬਾਤ ਕਰਕੇ ਕੰਮਾਂ ਪ੍ਰਤੀ ਸੰਤੁਸਟੀ ਦਾ ਪ੍ਰਗਟਾਵਾ ਵੀ ਕੀਤਾ। ਉਨ੍ਹਾਂ ਮੌਜੂਦ ਅਧਿਕਾਰੀਆਂ ਨੂੰ ਇਹ ਵੀ ਹਦਾਇਤ ਕੀਤੀ ਕਿ ਸਰਕਾਰ ਵੱਲੋ ਦਿੱਤੀਆਂ ਜਾ ਰਹੀਆਂ ਲੋਕਾਂ ਨੂੰ ਮਿਲੇ ਸੇਵਾ ਦੇ ਅਧਿਕਾਰ ਕਾਨੂੰਨ ਤਹਿਤ ਦਿੱਤੀਆਂ ਜਾਣ ਵਾਲੀਆਂ ਜਨ-ਸੇਵਾਵਾਂ 'ਚ ਕਿਸੇ ਵੀ ਤਰ੍ਹਾਂ ਦੀ ਲਾਹਪ੍ਰਾਹੀ ਬਰਦਾਸਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਇਹ ਵੀ ਕਿਹਾ ਕਿ ਇਨ੍ਹਾਂ ਕੇਂਦਰਾਂ ਵਿੱਚ ਬਿਜਲੀ ਅਤੇ ਪਾਣੀ ਦੀ ਸੁਵਿਧਾ ਨਿਰਵਿਘਣ ਚਾਲੂ ਰਹਿਣੀ ਚਾਹੀਦੀ ਹੈ ਤਾਂ ਕਿ ਇਸ ਗਰਮੀ ਦੇ ਮੌਸਮ ਦੌਰਾਨ ਕਿਸੇ ਵੀ ਕੰਮ ਕਰਵਾਉਣ ਆਏ ਹਰੇਕ ਵਿਅਕਤੀ ਨੂੰ ਕਿਸੇ ਵੀ ਕਿਸਮ ਦਾ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ।ਉਨ੍ਹਾਂ ਮੌਕੇ 'ਤੇ ਚੈਕਿੰਗ ਕਰਨ ਉਪਰੰਤ ਇਹ ਵੀ ਕਿਹਾ ਕਿ ਅਕਸਰ ਬਾਥਰੂਮਾਂ 'ਚ ਪਾਣੀ ਦੀ ਬਰਬਾਦੀ ਹੁੰਦੀ ਰਹਿੰਦੀ ਹੈ ਜਿਸ ਤੋਂ ਮੱਖੀ-ਮੱਛਰ ਪੈਦਾ ਹੋਣ ਨਾਲ ਕਈ ਕਿਸਮ ਦੀਆਂ ਬਿਮਾਰੀਆਂ ਪੈਦਾ ਹੋਣ ਦਾ ਖਤਰਾ ਬਣਿਆ ਰਹਿੰਦਾ ਹੈ, ਇਸ ਲਈ ਸਾਫ-ਸਫਾਈ ਹੋਣੀ ਅਤਿ ਜਰੂਰੀ ਹੈ।

ਡਿਪਟੀ ਕਮਿਸ਼ਨਰ ਨੇ ਚੈਕਿੰਗ ਦੌਰਾਨ ਦੱਸਿਆ ਕਿ ਭਵਿੱਖ ਵਿੱਚ ਵੀ ਚੈਕਿੰਗਾਂ ਦਾ ਇਹ ਸਿਲਸਿਲਾ ਲਗਾਤਾਰ ਜਾਰੀ ਰੱਖਿਆ ਜਾਵੇਗਾ।ਉਨ੍ਹਾਂ ਕਿਹਾ ਕਿ ਜਦੋਂ ਦੂਰ-ਦੁਰਾਡੇ ਤੋਂ ਕੋਈ ਵੀ ਬਜੁਰਗ, ਮਾਵਾਂ ਅਤੇ ਭੈਣਾਂ ਇਥੇ ਕੰਮ ਕਰਵਾਉਣ ਲਈ ਆਉਂਦੇ ਹਨ ਅਤੇ ਉਥੇ ਸਟਾਫ ਦੀ ਗੈਰ-ਮੋਜੂਦਗੀ ਦਾ ਖਮਿਆਜਾ ਉਨ੍ਹਾਂ ਨੂੰ ਭੁਗਤਣਾ ਪਵੇ ਤਾਂ ਮੈ ਇਸ ਨੂੰ ਬਿੱਲਕੁੱਲ ਹੀ ਬਰਦਾਸਤ ਨਹੀਂ ਕਰਾਂਗਾ। ਉਨਾਂ ਬੜੇ ਹੀ ਸਖਤ ਲਹਿਜੇ ਵਿੱਚ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਸਵੇਰੇ 9 ਵਜ਼ੇ ਤੋਂ ਸ਼ਾਮ 5 ਵਜ਼ੇ ਤੱਕ ਹਾਜ਼ਰ ਰਹਿਣ ਨੂੰ ਯਕੀਨੀ ਬਣਾਉਣ ਦੀ ਹਦਾਇਤ ਕੀਤੀ ਤਾਂ ਕਿ ਸਰਕਾਰ ਵੱਲੋਂ ਜਾਦਿਸ਼ਾ-ਨਿਰਦੇਸਾਂ ਦੀ ਪਾਲਣਾ ਕਰਦਿਆਂ ਲੋਕਾਂ ਨੂੰ ਸਮੇਂ ਸਿਰ ਪ੍ਰਸ਼ਾਸ਼ਨਿਕ ਸੇਵਾਵਾਂ ਮੁਹੱਈਆ ਵਰਵਾਈਆਂ ਜਾ ਸਕਣ।

ਚੈਕਿੰਗ ਦੌਰਾਨ ਉਨ੍ਹਾਂ ਨਾਲ ਐਸ.ਡੀ.ਐਮ ਮੋਗਾ ਸ਼੍ਰੀਮਤੀ ਸੁਰਿੰਦਰ ਕੌਰ, ਪੀ.ਏ ਟੂ ਡਿਪਟੀ ਕਮਿਸ਼ਨਰ ਸਿੰਘ ਜੌਹਲ ਅਤੇ ਇੰਚਾਰਜ ਸੁਵਿਧਾ ਸੈਂਟਰ ਗੁਰਿੰਦਰਜੀਤ ਸਿੰਘ ਅਦਿ ਹਾਜ਼ਰ ਸਨ।

-------------

ਨੰ: ਪੀ.ਆਰ (ਪ੍ਰੈ ਰੀ)-2016/ 214





